# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 08:30

**ਮਿਤੀ :18-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਚੋਣ ਕਮਿਸ਼ਨ ਨੇ ਪੱਛਮੀ ਬੰਗਾਲ 'ਚ ਵਿਧਾਨ ਸਭਾ ਜ਼ਿਮਨੀ-ਚੋਣਾਂ ਦੌਰਾਨ ਤ੍ਰਿਣਮੂਲ ਕਾਂਗਰਸ ਦੇ ਦੋਵਾਂ ਧੜਿਆਂ ਨੂੰ ਪਾਰਟੀ ਦਾ ਨਾਮ ਅਤੇ ਚੋਣ ਨਿਸ਼ਾਨ ਦੀ ਵਰਤੋਂ ਕਰਨ ਤੇ ਰੋਕ ਲਾ ਦਿੱਤੀ ਏ।
- ਵਿਦੇਸ਼ੀ ਚੰਦਾ ਨੇਮਬਧ ਸੋਧ ਬਿੱਲ, 2026 ਬਾਰੇ ਸਾਂਝੀ ਸੰਸਦੀ ਕਮੇਟੀ ਦੀ ਪਹਿਲੀ ਮੀਟਿੰਗ ਅੱਜ ਨਵੀਂ ਦਿੱਲੀ ਵਿੱਚ ਹੋਵੇਗੀ।
- ਭਾਰਤੀ ਜਨਤਾ ਪਾਰਟੀ ਅੱਜ ਤੋਂ ਪੂਰੇ ਪੰਜਾਬ ਵਿੱਚ ਨਸ਼ਾ ਮੁਕਤ ਪੰਜਾਬ ਯਾਤਰਾਵਾਂ ਸ਼ੁਰੂ ਕਰ ਰਹੀ ਏ |
- ਰਾਸ਼ਟਰੀ ਪ੍ਰੀਖਿਆ ਏਜੰਸੀ (NTA) ਨੇ UGC-NET ਜੂਨ 2026 ਪ੍ਰੀਖਿਆ ਦੇ ਤਿੰਨ ਵਿਸ਼ਿਆਂ - ਅੰਗਰੇਜ਼ੀ, COMMERCE ਅਤੇ ਸਮਾਜ ਸ਼ਾਸਤਰ - ਲਈ ਅੰਤਿਮ ਉੱਤਰ-ਕੁੰਜੀਆਂ ਜਾਰੀ ਕਰ ਦਿੱਤੀਆਂ ਨੇ।
- ਕ੍ਰਿਕਟ ਵਿੱਚ, ਭਾਰਤ ਨੇ ਅਫਗਾਨਿਸਤਾਨ ਨੂੰ ਤੀਜੇ ਤੇ ਆਖਰੀ 20-20 ਕ੍ਰਿਕਟ ਮੈਚ ਵਿੱਚ 127 ਦੌੜਾਂ ਨਾਲ ਹਰਾ ਕੇ SERIES 3-0 ਨਾਲ ਜਿੱਤ ਲਈ ਏ।

## *ਹੁਣ ਖਬਰਾਂ ਵਿਸਥਾਰ ਨਾਲ*

ਭਾਰਤੀ ਚੋਣ ਕਮਿਸ਼ਨ ਨੇ ਪੱਛਮੀ ਬੰਗਾਲ ਦੇ ਨੰਦੀਗ੍ਰਾਮ ਅਤੇ ਰੇਜੀਨਗਰ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਉਪ-ਚੋਣਾਂ ਦੌਰਾਨ ਤ੍ਰਿਣਮੂਲ ਕਾਂਗਰਸ ਦੇ ਦੋਵਾਂ ਧੜਿਆਂ ਨੂੰ ਪਾਰਟੀ ਦਾ ਨਾਮ ਅਤੇ ਚੋਣ ਨਿਸ਼ਾਨ ਦੀ ਵਰਤੋਂ ਕਰਨ ਤੋਂ ਰੋਕ ਦਿੱਤਾ ਹੈ। ਕੱਲ੍ਹ ਜਾਰੀ ਕੀਤੇ ਗਏ ਇੱਕ ਅੰਤਰਿਮ ਹੁਕਮ ਵਿੱਚ, ਕਮਿਸ਼ਨ ਨੇ ਕਿਹਾ ਕਿ ਨਾ ਤਾਂ ਮਮਤਾ ਬੈਨਰਜੀ ਦੀ ਅਗਵਾਈ ਵਾਲਾ ਅਤੇ ਨਾ ਹੀ ਅਰੂਪ ਰਾਏ ਦੀ ਅਗਵਾਈ ਵਾਲਾ ਧੜਾ 'ਆਲ ਇੰਡੀਆ ਤ੍ਰਿਣਮੂਲ ਕਾਂਗਰਸ' ਨਾਮ ਜਾਂ ਪਾਰਟੀ ਦੇ ਚੋਣ ਨਿਸ਼ਾਨ ਦੀ ਵਰਤੋਂ ਕਰ ਸਕਦਾ ਹੈ। ਦੋਵਾਂ ਸਮੂਹਾਂ ਨੂੰ ਵੱਖ-ਵੱਖ ਨਾਵਾਂ ਅਤੇ ਕਮਿਸ਼ਨ ਵੱਲੋਂ ਅਲਾਟ ਕੀਤੇ ਗਏ ਚੋਣ ਨਿਸ਼ਾਨਾਂ ਹੇਠ ਜ਼ਿਮਨੀ - ਚੋਣਾਂ ਲੜਨੀਆਂ ਪੈਣਗੀਆਂ। ਇਹ ਪ੍ਰਬੰਧ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਵਿਵਾਦ ਦਾ ਅੰਤਿਮ ਹੱਲ ਨਹੀਂ ਹੋ ਜਾਂਦਾ। ਕਮਿਸ਼ਨ ਨੇ ਕਿਹਾ ਕਿ ਦੋਵਾਂ ਧਿਰਾਂ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਦਾਅਵਿਆਂ ਤੋਂ ਪਤਾ ਲੱਗਦਾ ਹੈ ਕਿ ਇਸ ਸਮੇਂ ਤ੍ਰਿਣਮੂਲ ਕਾਂਗਰਸ ਦੇ ਅੰਦਰ ਦੋ ਵਿਰੋਧੀ ਧੜਾ ਮੌਜੂਦ ਹਨ ਅਤੇ ਦੋਵੇਂ ਹੀ ਅਸਲ ਪਾਰਟੀ ਹੋਣ ਦਾ ਦਾਅਵਾ ਕਰ ਰਹੇ ਹਨ।

---------------------------------------------------------

ਵਿਦੇਸ਼ੀ ਚੰਦਾ ਨੇਮਬਧ ਸੋਧ ਬਿੱਲ, 2026 ਬਾਰੇ ਸਾਂਝੀ ਸੰਸਦੀ ਕਮੇਟੀ ਦੀ ਪਹਿਲੀ ਮੀਟਿੰਗ ਅੱਜ ਨਵੀਂ ਦਿੱਲੀ ਵਿੱਚ ਹੋਵੇਗੀ। ਮੀਟਿੰਗ ਦੌਰਾਨ, ਗ੍ਰਹਿ ਮੰਤਰਾਲੇ ਦੇ ਅਧਿਕਾਰੀ ਕਮੇਟੀ ਨੂੰ ਬਿੱਲ ਦੀਆਂ

ਤਜਵੀਜ਼ਾਂ ਬਾਰੇ ਜਾਣਕਾਰੀ ਦੇਣਗੇ। ਸੰਸਦ ਦੇ ਦੋਵਾਂ ਸਦਨਾਂ ਨੇ 12 ਅਗਸਤ ਨੂੰ ਵਿਦੇਸ਼ੀ ਚੰਦਾ ਨੇਮਬਧ ਸੋਧ ਬਿੱਲ, 2026 ਨੂੰ ਅਗਲੇਰੇ ਵਿਚਾਰ-ਵਟਾਂਦਰੇ ਲਈ ਸਾਂਝੀ ਸੰਸਦੀ ਕਮੇਟੀ ਕੋਲ ਭੇਜਣ ਨੂੰ ਮਨਜ਼ੂਰੀ ਦਿੱਤੀ ਸੀ। ਇਸ ਬਿੱਲ ਦਾ ਉਦੇਸ਼ ਵਿਦੇਸ਼ੀ ਚੰਦੇ ਦੀ ਵਰਤੋਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਵਧਾਉਣ ਲਈ ਵਿਦੇਸ਼ੀ ਚੰਦਾ ਕਾਨੂੰਨ 2010 ਵਿੱਚ ਸੋਧ ਕਰਨਾ ਹੈ। ਸੰਯੁਕਤ ਸੰਸਦੀ ਕਮੇਟੀ ਵਿੱਚ ਲੋਕ ਸਭਾ ਦੇ 21 ਅਤੇ ਰਾਜ ਸਭਾ ਦੇ 10 ਮੈਂਬਰ ਸ਼ਾਮਲ ਨੇ। ਲੋਕ ਸਭਾ ਦੇ ਸੰਸਦ ਮੈਂਬਰ ਸੰਜੇ ਜੈਸਵਾਲ ਕਮੇਟੀ ਦੇ ਚੇਅਰਮੈਨ ਨੇ।

---------------------------------------------------------------

ਭਾਰਤੀ ਜਨਤਾ ਪਾਰਟੀ ਪੰਜਾਬ ਅੱਜ ਪਠਾਨਕੋਟ ਤੋਂ "ਭਾਜਪਾ ਦਾ ਨਾਅਰਾ - ਨਸ਼ਾ ਮੁਕਾਉਣਾ ਸਾਰਾ" ਦੇ ਨਾਅਰੇ ਹੇਠ ਪੂਰੇ ਸੂਬੇ ਵਿੱਚ "ਨਸ਼ਾ ਮੁਕਤ ਪੰਜਾਬ ਯਾਤਰਾਵਾਂ" ਦੀ ਸ਼ੁਰੂਆਤ ਕਰ ਰਹੀ ਹੈ। ਇਹ ਮੁਹਿੰਮ ਸੂਬੇ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਲੋਕਾਂ ਨੂੰ ਲਾਮਬੰਦ ਕਰੇਗੀ ਅਤੇ ਨਸ਼ਿਆਂ ਵਿਰੁੱਧ ਲੜਾਈ ਨੂੰ ਇੱਕ ਵਿਸ਼ਾਲ ਜਨਤਕ ਅੰਦੋਲਨ ਵਿੱਚ ਬਦਲ ਦੇਵੇਗੀ। ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਯਾਤਰਾਵਾਂ ਦੀ ਸ਼ੁਰੂਆਤ ਕਰਨਗੇ | 13 ਦਿਨਾਂ ਤੱਕ ਚੱਲਣ ਵਾਲੀ ਇਹ ਮੁਹਿੰਮ, ਚਾਰ ਪੜਾਵਾਂ ਵਿੱਚ ਹੋਵੇਗੀ | ਯਾਤਰਾ 30 ਸਤੰਬਰ ਨੂੰ ਜਲੰਧਰ ਵਿਖੇ ਸਮਾਪਤ ਹੋਵੇਗੀ। ਇਹ ਯਾਤਰਾ ਪੰਜਾਬ ਨੂੰ ਅੱਜ ਦਰਪੇਸ਼ ਤਿੰਨ ਮੁੱਖ ਚੁਣੌਤੀਆਂ : ਨਸ਼ਿਆਂ ਦੀ ਵੱਧ ਰਹੀ ਸਮੱਸਿਆ, ਵਿਗੜਦੀ ਕਾਨੂੰਨ-ਵਿਵਸਥਾ ਅਤੇ ਸ਼ਾਸਨ ਦੇ ਹਰ ਪੱਧਰ 'ਤੇ ਭ੍ਰਿਸ਼ਟਾਚਾਰ ਤੇ ਕੇਂਦਰਿਤ ਹੋਏਗੀ

---

ਪੰਜਾਬ ਵਿੱਚ, ਕੱਲ੍ਹ ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਦੇ 76ਵੇਂ ਜਨਮ ਦਿਨ ਮੌਕੇ ਜਲੰਧਰ ਸਥਿਤ ਡੇਰਾ ਸੱਚਖੰਡ ਬੱਲਾਂ ਵਿਖੇ ਅਰਦਾਸ ਕੀਤੀ ਗਈ। ਡੇਰੇ ਦੇ ਮੁਖੀ ਪਦਮ ਸ਼੍ਰੀ ਸੰਤ ਨਿਰੰਜਨ ਦਾਸ ਨੇ ਸ਼ਰਧਾਲੂਆਂ ਅਤੇ BJP  ਆਗੂਆਂ ਦੀ ਮੌਜੂਦਗੀ ਵਿੱਚ ਇੱਕ ਵਿਸ਼ੇਸ਼ ਅਰਦਾਸ ਕਰਵਾਈ। ਡੇਰਾ ਸੱਚਖੰਡ ਬੱਲਾਂ ਵੱਲੋਂ ਸਾਰਿਆਂ ਨੂੰ ਕੜਾਹ ਪ੍ਰਸ਼ਾਦ ਵਰਤਾਇਆ ਗਿਆ ਅਤੇ ਨਾਲ ਹੀ ਪ੍ਰਧਾਨ ਮੰਤਰੀ ਦੀ ਲੰਬੀ ਉਮਰ, ਚੰਗੀ ਸਿਹਤ ਅਤੇ ਦੇਸ਼ ਦੀ ਨਿਰੰਤਰ ਸੇਵਾ ਲਈ ਅਰਦਾਸ ਕੀਤੀ ਗਈ। ਪ੍ਰਧਾਨ ਮੰਤਰੀ ਦੇ ਇਸ ਡੇਰੇ ਨਾਲ ਗੂੜ੍ਹੇ ਸਬੰਧ ਨੇ । ਇਸ ਸਾਲ ਦੇ ਸ਼ੁਰੂ ਵਿੱਚ, ਗੁਰੂ  ਰਵਿਦਾਸ ਜਯੰਤੀ ਦੇ ਸਮਾਗਮਾਂ ਦੌਰਾਨ ਉਨ੍ਹਾਂ ਨੇ ਡੇਰੇ ਦਾ ਦੌਰਾ ਵੀ ਕੀਤਾ ਸੀ। ਰਾਜ ਵਿੱਚ ਕੁਝ ਹੋਰ ਥਾਵਾਂ 'ਤੇ ਵੀ ਅਰਦਾਸ ਕੀਤੀ ਗਈ। ਪ੍ਰਧਾਨ ਮੰਤਰੀ ਦੀ ਚੰਗੀ ਸਿਹਤ ਤੇ ਲੰਬੀ ਉਮਰ ਲਈ ਪ੍ਰਾਥਨਾ ਸਭਾਵਾਂ ਵੀ ਆਯੋਜਿਤ ਕੀਤੀਆਂ ਗਈਆਂ |

---

ਨੈਸ਼ਨਲ ਟੈਸਟਿੰਗ ਏਜੰਸੀ (NTA) ਨੇ UGC-NET ਜੂਨ 2026 ਪ੍ਰੀਖਿਆ ਦੇ ਤਿੰਨ ਵਿਸ਼ਿਆਂ - ਅੰਗਰੇਜ਼ੀ, ਕਾਮਰਸ ਅਤੇ ਸਮਾਜ ਸ਼ਾਸਤਰ - ਲਈ ਅੰਤਿਮ ਉੱਤਰ-ਕੁੰਜੀਆਂ ਜਾਰੀ ਕਰ ਦਿੱਤੀਆਂ ਨੇ । ਉਮੀਦਵਾਰ ਇਨ੍ਹਾਂ ਨੂੰ ਅਧਿਕਾਰਤ UGC-NET ਵੈੱਬਸਾਈਟ 'ਤੇ ਦੇਖ ਸਕਦੇ ਨੇ । ਇਨ੍ਹਾਂ ਵਿਸ਼ਿਆਂ ਦੀਆਂ ਪ੍ਰੀਖਿਆਵਾਂ 9 ਅਤੇ 10 ਸਤੰਬਰ ਨੂੰ

ਦੇਸ਼ ਭਰ ਦੇ 272 ਸ਼ਹਿਰਾਂ ਵਿੱਚ ਸਥਿਤ 454 ਕੇਂਦਰਾਂ 'ਤੇ ਕਰਵਾਈਆਂ ਗਈਆਂ ਸਨ।

--------------------------------------------------------

ਹਿੰਦੁਸਤਾਨ ਏਰੋਨਾਟਿਕਸ ਲਿਮਿਟੇਡ (HAL) ਅੱਜ ਬੈਂਗਲੁਰੂ ਵਿੱਚ ਭਾਰਤੀ ਹਵਾਈ ਸੈਨਾ ਨੂੰ ਹਲਕਾ ਲੜਾਕੂ ਹਵਾਈਜਹਾਜ਼ (LCA), ਦੋ-ਸੀਟਾਂ ਵਾਲੇ ਤੇਜਸ ਜਹਾਜ਼ ਅਤੇ HTT-40 ਬੇਸਿਕ ਟ੍ਰੇਨਰ ਜਹਾਜ਼ ਸੌਂਪੇਗੀ। ਕੰਪਨੀ ਸਰਕਾਰੀ ਖੇਤਰ ਦੀ ਕੰਪਨੀ 'ਪਵਨ ਹੰਸ ਲਿਮਿਟੇਡ' ਨੂੰ 'ਧਰੁਵ ਨੈਕਸਟ ਜਨਰੇਸ਼ਨ' ਹੈਲੀਕਾਪਟਰ ਵੀ ਸੌਂਪੇਗੀ। ਇਸ ਮੌਕੇ ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਸਿਵਲ  ਹਵਾਬਾਜ਼ੀ ਮੰਤਰੀ ਰਾਮਮੋਹਨ ਨਾਇਡੂ ਮੌਜੂਦ ਰਹਿਣਗੇ। ਰੱਖਿਆ ਮੰਤਰਾਲੇ ਨੇ ਕਿਹਾ ਕਿ ਇਨ੍ਹਾਂ ਜਹਾਜ਼ਾਂ ਅਤੇ ਹੈਲੀਕਾਪਟਰਾਂ ਨੂੰ ਸ਼ਾਮਲ ਕਰਨਾ ਸਵਦੇਸ਼ੀ ਸਮਰੱਥਾਵਾਂ  ਨੂੰ ਮਜ਼ਬੂਤ ਕਰਨ ਅਤੇ ਵਿਦੇਸ਼ੀ ਸਰੋਤਾਂ 'ਤੇ ਨਿਰਭਰਤਾ ਘਟਾਉਣ ਵੱਲ ਇੱਕ ਹੋਰ ਕਦਮ ਹੈ। ਮੰਤਰਾਲੇ ਨੇ ਅੱਗੇ ਕਿਹਾ ਕਿ ਸਰਕਾਰ ਏਰੋਸਪੇਸ ਅਤੇ ਰੱਖਿਆ ਖੇਤਰਾਂ ਵਿੱਚ ਸਵਦੇਸ਼ੀਡਿਜ਼ਾਈਨ, ਵਿਕਾਸ ਅਤੇ ਨਿਰਮਾਣ ਨੂੰ ਉਤਸ਼ਾਹਿਤ ਕਰਨ ਨੂੰ ਉੱਚ ਤਰਜੀਹ ਦੇ ਰਹੀ ਹੈ।

--------------------------------------------------------

ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਨੇ  ਥਿੰਫੂ ਵਿੱਚ ਭੂਟਾਨ ਦੇ ਰਾਜਾ ਜਿਗਮੇ ਖੇਸਰ ਨਾਮਗਯਾਲ ਵਾਂਗਚੁਕ ਨਾਲ ਮੁਲਾਕਾਤ ਕੀਤੀ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਡਾ. ਜੈਸ਼ੰਕਰ ਨੇ ਕਿਹਾ ਕਿ ਭਾਰਤ ਅਤੇ

ਭੂਟਾਨ ਵਿਚਕਾਰ ਵਿਸ਼ੇਸ਼ ਦੋਸਤੀ ਨੂੰ ਹੋਰ ਮਜ਼ਬੂਤ ਕਰਨ ਲਈ ਭੂਟਾਨ ਦੇ ਰਾਜਾ ਦੀ ਅਗਵਾਈ ਬਹੁਤ ਮਹੱਤਵਪੂਰਨ ਹੈ।

---------------------------------------------------

ਸਰਕਾਰ ਨੇ ਕਿਹਾ ਹੈ ਕਿ ਦੇਸ਼ ਦੇ ਆਰਥਿਕ ਹਿੱਤਾਂ ਦੀ ਰਾਖੀ ਕਰਨ ਅਤੇ ਊਰਜਾ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਲੋੜੀਂਦੇ ਕਦਮ ਚੁੱਕੇ ਜਾਣਗੇ। ਵਿਦੇਸ਼ ਮੰਤਰਾਲੇ ਨੇ ਆਪਣੇ 140 ਕਰੋੜ  ਲੋਕਾਂ ਲਈ ਊਰਜਾ ਸਪਲਾਈ ਸੁਰੱਖਿਅਤ ਕਰਨ ਦੇ ਭਾਰਤ ਦੇ ਦ੍ਰਿੜ ਸੰਕਲਪ ਨੂੰ ਦੁਹਰਾਇਆ ਅਤੇ ਕਿਹਾ ਕਿ ਬਦਲਦੇ ਵਿਸ਼ਵ ਦ੍ਰਿਸ਼ ਦਰਮਿਆਨ ਸਰਕਾਰ ਵੱਖ-ਵੱਖ ਸਰੋਤਾਂ ਰਾਹੀਂ ਊਰਜਾ ਦੀ ਉਪਲਬਧਤਾ ਨੂੰ ਯਕੀਨੀ ਬਣਾਉਣਾ ਜਾਰੀ ਰੱਖੇਗੀ। ਮੰਤਰਾਲੇ ਦਾ ਇਹ ਬਿਆਨ ਅਮਰੀਕੀ ਪ੍ਰਤੀਨਿਧੀ ਸਭਾ ਵੱਲੋਂ ਇੱਕ ਬਿੱਲ ਪਾਸ ਕੀਤੇ ਜਾਣ ਤੋਂ ਬਾਅਦ ਆਇਆ ਹੈ, ਜੋ ਰਾਸ਼ਟਰਪਤੀ ਡੋਨਾਲਡ  ਟਰੰਪ ਨੂੰ ਰੂਸ ਤੋਂ ਕੱਚਾ ਤੇਲ ਖਰੀਦਣ ਵਾਲੇ ਭਾਰਤ ਅਤੇ ਚੀਨ ਵਰਗੇ ਦੇਸ਼ਾਂ 'ਤੇ 100 ਫੀਸਦੀ ਤੱਕ ਮਹਿਸੂਲ ਲਗਾਉਣ ਦਾ ਅਧਿਕਾਰ ਦਿੰਦਾ ਹੈ।  ਵਿਦੇਸ਼ ਮੰਤਰਾਲੇ ਨੇ ਦੱਸਿਆ ਕਿ ਹਾਲ ਹੀ ਦੇ ਮਹੀਨਿਆਂ ਵਿੱਚ ਅਮਰੀਕੀ ਵਾਰਤਾਕਾਰਾਂ ਨਾਲ ਇਸ ਮੁੱਦੇ 'ਤੇ ਚਰਚਾ ਕੀਤੀ ਗਈ ਤੇ ਦੁਵੱਲੇ ਸਬੰਧਾਂ ਅਤੇ ਅੰਤਰਰਾਸ਼ਟਰੀ ਊਰਜਾ ਬਾਜ਼ਾਰ 'ਤੇ ਪੈਣ ਵਾਲੇ ਸੰਭਾਵੀ ਪ੍ਰਭਾਵ ਬਾਰੇ ਆਪਣਾ ਪੱਖ ਸਪੱਸ਼ਟ ਕਰ ਦਿੱਤਾ ਹੈ।

-------------------------------------------------------

ਅਮਰੀਕਾ ਵਿੱਚ ਭਾਰਤ ਦੇ ਰਾਜਦੂਤ, ਵਿਨੈ ਮੋਹਨ ਕਵਾਤਰਾ ਨੇ ਕਿਹਾ ਹੈ ਕਿ ਭਾਰਤ ਦੁਨੀਆ ਦੀਆਂ ਸਭ ਤੋਂ ਤੇਜ਼ੀ ਨਾਲ ਵਧ ਰਹੀਆਂ ਪ੍ਰਮੁੱਖ ਅਰਥਵਿਵਸਥਾਵਾਂ ਵਿੱਚੋਂ ਇੱਕ ਹੈ ਅਤੇ ਊਰਜਾ ਦੀ ਖਪਤ ਕਰਨ ਵਾਲਾ ਤੀਜਾ ਸਭ ਤੋਂ ਵੱਡਾ ਦੇਸ਼ ਹੈ। ਉਨ੍ਹਾਂ ਨੇ ਦੱਸਿਆ ਕਿ ਦੇਸ਼ ਦੀਆਂ ਊਰਜਾ ਲੋੜਾਂ ਲਗਾਤਾਰ ਵਧਦੀਆਂ ਰਹਿਣਗੀਆਂ ਅਤੇ ਊਰਜਾ ਸੁਰੱਖਿਆ ਇੱਕ ਪ੍ਰਮੁੱਖ ਤਰਜੀਹ ਬਣੀ ਹੋਈ ਹੈ। ਸ੍ਰੀ ਕਵਾਤਰਾ ਨੇ ਕਿਹਾ ਕਿ ਭਾਰਤ ਮੱਧ ਪੂਰਬ, ਅਫਰੀਕਾ, ਲਾਤੀਨੀ ਅਮਰੀਕਾ, ਯੂਰੇਸ਼ੀਆ ਅਤੇ ਅਮਰੀਕਾ ਸਮੇਤ ਵੱਖ-ਵੱਖ ਖੇਤਰਾਂ ਤੋਂ ਊਰਜਾ ਪ੍ਰਾਪਤ ਕਰਦਾ ਹੈ, ਇਸ ਵਿੱਚ ਉਪਲਬਧਤਾ, ਕੀਮਤ ਅਤੇ ਬਾਜ਼ਾਰ ਦੇ ਹਾਲਾਤ ਵਰਗੇ ਕਾਰਕਾਂ ਨੂੰ ਧਿਆਨ ਵਿੱਚ ਰੱਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਕਵਾਤਰਾ ਨੇ ਦੱਸਿਆ ਕਿ ਭਾਰਤ ਆਪਣੀ ਕੱਚੇ ਤੇਲ ਦੀ ਲੋੜ ਦਾ 85 ਫੀਸਦੀ ਤੋਂ ਵੱਧ ਅਤੇ ਕੁਦਰਤੀ ਗੈਸ ਦਾ ਲਗਭਗ 50 ਫੀਸਦੀ ਹਿੱਸਾ ਦਰਾਮਦ ਕਰਦਾ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਦੇਸ਼ ਦੀ ਆਬਾਦੀ ਲਈ ਢੁਕਵੀਂ, ਕਿਫਾਇਤੀ ਅਤੇ ਨਿਰਵਿਘਨ ਈਂਧਨ ਯਕੀਨੀ ਬਣਾਉਣਾ ਇੱਕ ਰਾਸ਼ਟਰੀ ਜ਼ਿੰਮੇਵਾਰੀ ਹੈ।

-------------------------------------------------------

ਥਲ ਸੈਨਾ ਮੁਖੀ ਜਨਰਲ ਧੀਰਜ ਸੇਠ ਨੇ ਰੂਸ ਦੇ ਆਪਣੇ ਤਿੰਨ-ਰੋਜ਼ਾ ਸਰਕਾਰੀ ਦੌਰੇ ਦੌਰਾਨ ਰੂਸੀ ਜ਼ਮੀਨੀ ਫੌਜਾਂ ਦੇ HEAD OFFICE ਦਾ ਦੌਰਾ ਕੀਤਾ। ਇਸ ਦੌਰਾਨ ਦੋਵਾਂ ਦੇਸ਼ਾਂ ਦੀਆਂ ਫੌਜਾਂ ਵਿਚਕਾਰ ਫੌਜੀ

ਸਹਿਯੋਗ ਨੂੰ ਹੋਰ ਮਜ਼ਬੂਤ ਕਰਨ, ਸਿਖਲਾਈ ਗਤੀਵਿਧੀਆਂ ਦਾ ਵਿਸਥਾਰ ਕਰਨ ਅਤੇ ਸਮਰੱਥਾ ਨਿਰਮਾਣ ਨੂੰ ਵਧਾਉਣ ਬਾਰੇ ਚਰਚਾ ਕੀਤੀ ਗਈ। ਰੂਸ ਪਹੁੰਚਣ 'ਤੇ ਜਨਰਲ ਧੀਰਜ ਸੇਠ ਨੂੰ ਰਸਮੀ 'ਗਾਰਡ ਆਫ਼ ਆਨਰ' ਦਿੱਤਾ ਗਿਆ। ਇਸ ਤੋਂ ਬਾਅਦ, ਉਨ੍ਹਾਂ ਨੇ ਮਾਸਕੋ ਵਿੱਚ ਸੈਨਿਕਾ ਦੀ ਸਮਾਧੀ 'ਤੇ ਸ਼ਰਧਾਂਜਲੀ ਭੇਟ ਕੀਤੀ। ਰੱਖਿਆ ਮੰਤਰਾਲੇ ਨੇ ਦੱਸਿਆ ਕਿ ਥਲ ਸੈਨਾ ਮੁਖੀ ਅੱਜ ਮਾਸਕੋ ਵਿੱਚ 'ਨੈਸ਼ਨਲ ਡਿਫੈਂਸ ਕੰਟਰੋਲ ਸੈਂਟਰ' ਦਾ ਦੌਰਾ ਕਰਨਗੇ ਅਤੇ ਰੂਸੀ ਰੱਖਿਆ ਮੰਤਰਾਲੇ ਦੇ ਸੀਨੀਅਰ ਅਧਿਕਾਰੀਆਂ ਨਾਲ ਮੁਲਾਕਾਤ ਕਰਨਗੇ।

---

ਪੁਰਸ਼ ਕ੍ਰਿਕਟ ਵਿੱਚ, ਭਾਰਤ ਨੇ ਅਫਗਾਨਿਸਤਾਨ ਵਿਰੁੱਧ ਤਿੰਨ ਮੈਚਾਂ ਦੀ 20-20 ਅੰਤਰਰਾਸ਼ਟਰੀ ਲੜੀ 3-0 ਨਾਲ ਜਿੱਤ ਲਈ ਹੈ। ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ ਬੀਤੀ ਰਾਤ ਖੇਡੇ ਗਏ ਤੀਜੇ ਅਤੇ ਆਖਰੀ ਮੈਚ ਵਿੱਚ ਭਾਰਤ ਨੇ ਅਫਗਾਨਿਸਤਾਨ ਨੂੰ 127 ਦੌੜਾਂ ਨਾਲ ਹਰਾ ਦਿੱਤਾ ਏ । ਪਹਿਲਾਂ ਬੱਲੇਬਾਜ਼ੀ ਕਰਦਿਆਂ ਭਾਰਤ ਨੇ ਨਿਰਧਾਰਤ 20 ਓਵਰਾਂ ਵਿੱਚ ਸੱਤ ਵਿਕਟਾਂ ਦੇ ਨੁਕਸਾਨ 'ਤੇ 221 ਦੌੜਾਂ ਬਣਾਈਆਂ। ਜਵਾਬ ਵਿੱਚ, ਅਫਗਾਨਿਸਤਾਨ ਦੀ ਪੂਰੀ ਟੀਮ 14.1 ਓਵਰਾਂ ਵਿੱਚ 94 ਦੌੜਾਂ 'ਤੇ ਆਊਟ ਹੋ ਗਈ। ਭਾਰਤ ਲਈ ਨਿਤੀਸ਼ ਕੁਮਾਰ ਰੈੱਡੀ ਅਤੇ ਰਵੀ ਬਿਸ਼ਨੋਈ ਨੇ ਤਿੰਨ-ਤਿੰਨ ਵਿਕਟਾਂ ਲਈਆਂ | ਅਭਿਸ਼ੇਕ ਸ਼ਰਮਾ ਨੇ 34 ਗੇਂਦਾਂ ਵਿੱਚ 108 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ, ਜਦਕਿ ਸੰਜੂ ਸੈਮਸਨ ਨੇ 50 ਦੌੜਾਂ ਬਣਾਈਆਂ। ਅਭਿਸ਼ੇਕ ਸ਼ਰਮਾ ਨੂੰ 'ਪਲੇਅਰ ਆਫ ਦ ਮੈਚ' ਅਤੇ 'ਪਲੇਅਰ ਆਫ ਦ ਸੀਰੀਜ਼' ਦੋਵਾਂ ਖਿਤਾਬਾਂ ਨਾਲ

ਨਿਵਾਜਿਆ ਗਿਆ। 127 ਦੌੜਾਂ ਦੀ ਇਹ ਹਾਰ 20-20 ਅੰਤਰਰਾਸ਼ਟਰੀ ਕ੍ਰਿਕਟ ਵਿੱਚ ਅਫਗਾਨਿਸਤਾਨ ਦੀ ਸਭ ਤੋਂ ਵੱਡੀ ਹਾਰ ਹੈ ਅਤੇ ਉਨ੍ਹਾਂ ਦਾ 94 ਦੌੜਾਂ ਦਾ ਸਕੋਰ ਭਾਰਤ ਵਿਰੁੱਧ ਉਨ੍ਹਾਂ ਦਾ ਸਭ ਤੋਂ ਘੱਟ ਸਕੋਰ ਹੈ।

---------------------------------------------------------------

ਵਿਦੇਸ਼ ਮੰਤਰਾਲੇ ਨੇ ਪਾਸਪੋਰਟ (ਸੋਧ) ਨਿਯਮ, 2026 NOTIFY ਕੀਤੇ ਨੇ। ਇਨ੍ਹਾਂ ਨਿਯਮਾਂ ਤਹਿਤ, 15 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਜਾਰੀ ਕੀਤਾ ਗਿਆ 36-ਪੰਨਿਆਂ ਦਾ ਪਾਸਪੋਰਟ ਹੁਣ ਜਾਰੀ ਹੋਣ ਦੀ ਤਰੀਕ ਤੋਂ ਪੰਜ ਸਾਲਾਂ ਲਈ ਜਾਂ ਬੱਚੇ ਦੇ 18 ਸਾਲ ਦੀ ਉਮਰ ਪੂਰੀ ਹੋਣ ਤੋਂ ਵੀ ਪਹਿਲਾਂ ਤਕ ਵੈਧ ਰਹੇਗਾ |

---------------------------------------------------------------

- ਚੋਣ ਕਮਿਸ਼ਨ ਨੇ ਪੱਛਮੀ ਬੰਗਾਲ 'ਚ ਵਿਧਾਨ ਸਭਾ ਜ਼ਿਮਨੀ-ਚੋਣਾਂ ਦੌਰਾਨ ਤ੍ਰਿਣਮੂਲ ਕਾਂਗਰਸ ਦੇ ਦੋਵਾਂ ਧੜਿਆਂ ਨੂੰ ਪਾਰਟੀ ਦਾ ਨਾਮ ਅਤੇ ਚੋਣ ਨਿਸ਼ਾਨ ਦੀ ਵਰਤੋਂ ਕਰਨ ਤੇ ਰੋਕ ਲਾ ਦਿੱਤੀ ਏ।
- ਵਿਦੇਸ਼ੀ ਚੰਦਾ ਨੇਮਬਧ ਸੋਧ ਬਿੱਲ, 2026 ਬਾਰੇ ਸਾਂਝੀ ਸੰਸਦੀ ਕਮੇਟੀ ਦੀ ਪਹਿਲੀ ਮੀਟਿੰਗ ਅੱਜ ਨਵੀਂ ਦਿੱਲੀ ਵਿੱਚ ਹੋਵੇਗੀ।
- ਭਾਰਤੀ ਜਨਤਾ ਪਾਰਟੀ ਅੱਜ ਤੋਂ ਪੂਰੇ ਪੰਜਾਬ ਵਿੱਚ ਨਸ਼ਾ ਮੁਕਤ ਪੰਜਾਬ ਯਾਤਰਾਵਾਂ ਸ਼ੁਰੂ ਕਰ ਰਹੀ ਏ |
- ਰਾਸ਼ਟਰੀ ਪ੍ਰੀਖਿਆ ਏਜੰਸੀ (NTA) ਨੇ UGC-NET ਜੂਨ 2026 ਪ੍ਰੀਖਿਆ ਦੇ ਤਿੰਨ ਵਿਸ਼ਿਆਂ - ਅੰਗਰੇਜ਼ੀ, COMMERCE ਅਤੇ

ਸਮਾਜ ਸ਼ਾਸਤਰ - ਲਈ ਅੰਤਿਮ ਉੱਤਰ-ਕੁੰਜੀਆਂ ਜਾਰੀ ਕਰ ਦਿੱਤੀਆਂ ਨੇ।

- ਕ੍ਰਿਕਟ ਵਿੱਚ, ਭਾਰਤ ਨੇ ਅਫਗਾਨਿਸਤਾਨ ਨੂੰ ਤੀਜੇ ਤੇ ਆਖਰੀ 20-20 ਕ੍ਰਿਕਟ ਮੈਚ ਵਿੱਚ 127 ਦੌੜਾਂ ਨਾਲ ਹਰਾ ਕੇ SERIES 3-0 ਨਾਲ ਜਿੱਤ ਲਈ ਏ।

---

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!**